**ਨਟ ਮਹਲਾ ੪ ॥ ਮੇਰੇ ਮਨ ਜਪਿ ਹਰਿ ਹਰਿ ਨਾਮੁ ਸਖੇ ॥ ਗੁਰ ਪਰਸਾਦੀ ਹਰਿ ਨਾਮੁ ਧਿਆਇਓ ਹਮ ਸਤਿਗੁਰ ਚਰਨ ਪਖੇ ॥੧॥ ਰਹਾਉ ॥ ਊਤਮ ਜਗੰਨਾਥ ਜਗਦੀਸੁਰ ਹਮ ਪਾਪੀ ਸਰਨਿ ਰਖੇ ॥ ਤੁਮ ਵਡ ਪੁਰਖ ਦੀਨ ਦੁਖ ਭੰਜਨ ਹਰਿ ਦੀਓ ਨਾਮੁ ਮੁਖੇ ॥੧॥ ਹਰਿ ਗੁਨ ਊਚ ਨੀਚ ਹਮ ਗਾਏ ਗੁਰ ਸਤਿਗੁਰ ਸੰਗਿ ਸਖੇ ॥ ਜਿਉ ਚੰਦਨ ਸੰਗਿ ਬਸੈ ਨਿੰਮੁ ਬਿਰਖਾ ਗੁਨ ਚੰਦਨ ਕੇ ਬਸਖੇ ॥ ੨॥ ਹਮਰੇ ਅਵਗਨ ਬਿਖਿਆ ਬਿਖੈ ਕੇ ਬਹੁ ਬਾਰ ਬਾਰ ਨਿਮਖੇ ॥ ਅਵਗਨਿਆਰੇ ਪਾਥਰ ਭਾਰੇ ਹਰਿ ਤਾਰੇ ਸੰਗਿ ਜਨਖੇ ॥੩॥ ਜਿਨ ਕਉ ਤੁਮ ਹਰਿ ਰਾਖਹੁ ਸੁਆਮੀ ਸਭ ਤਿਨ ਕੇ ਪਾਪ ਕ੍ਰਿਖੇ ॥ ਜਨ ਨਾਨਕ ਕੇ ਦਇਆਲ ਪ੍ਰਭ ਸੁਆਮੀ ਤੁਮ ਦੁਸਟ ਤਾਰੇ ਹਰਣਖੇ ॥੪॥੩॥** {ਪੰਨਾ 976}

ਪਦਅਰਥ:- ਮਨ—ਹੇ ਮਨ! ਸਖੇ—ਸਖਾ, ਮਿੱਤਰ। ਪਰਸਾਦੀ—ਕਿਰਪਾ ਨਾਲ, ਪਰਸਾਦਿ। ਪਖੇ—ਧੋਤੇ।1। ਰਹਾਉ।

ਜਗੰਨਾਥ—ਹੇ ਜਗਤ ਦੇ ਨਾਥ! ਜਗਦੀਸੁਰ—ਹੇ ਜਗਤ ਦੇ ਈਸ਼੍ਵਰ! ਰਖੇ—ਰੱਖ। ਦੀਨ ਦੁਖ ਭੰਜਨ—ਦੀਨਾਂ ਦੇ ਦੁੱਖਾਂ ਦਾ ਨਾਸ ਕਰਨ ਵਾਲਾ। ਮੁਖੇ—ਮੁਖਿ, ਮੁਖ ਵਿਚ।1।

ਸਖੇ ਸੰਗਿ—ਮਿੱਤਰ (ਗੁਰੂ) ਦੇ ਨਾਲ। ਸੰਗਿ—ਨਾਲ। ਬਿਰਖਾ—ਰੁੱਖ। ਬਸਖੇ—ਵੱਸ ਪੈਂਦੇ ਹਨ।2।

ਬਿਖਿਆ—ਮਾਇਆ। ਬਿਖੈ—ਵਿਸ਼ਿਆਂ ਦੇ। ਨਿਮਖ—ਅੱਖ ਝਮਕਣ ਜਿਤਨਾ ਸਮਾ। ਖੇ—ਕੇ, ਦੇ। ਸੰਗਿ ਜਨ ਖੇ—ਸੰਤ ਜਨਾਂ ਦੀ ਸੰਗਤਿ ਵਿਚ।3।

ਕ੍ਰਿਖੇ—ਖਿੱਚੇ ਜਾਂਦੇ ਹਨ, ਨਾਸ ਹੋ ਜਾਂਦੇ ਹਨ। ਪ੍ਰਭ—ਹੇ ਪ੍ਰਭੂ! ਦੁਸਟ—ਭੈੜੇ ਬੰਦੇ। ਹਰਣਖੇ—ਹਰਣਾਖਸ਼।4।

ਅਰਥ:- ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ। (ਹਰਿ-ਨਾਮਿ ਹੀ ਅਸਲ) ਮਿੱਤਰ ਹੈ। (ਪਰ ਜਿਸ ਨੇ ਭੀ) ਪਰਮਾਤਮਾ ਦਾ ਨਾਮ (ਜਪਿਆ ਹੈ) ਗੁਰੂ ਦੀ ਕਿਰਪਾ ਨਾਲ ਹੀ ਜਪਿਆ ਹੈ। (ਇਸ ਵਾਸਤੇ) ਮੈਂ ਭੀ ਸਤਿਗੁਰੂ ਦੇ ਚਰਨ ਹੀ ਧੋਂਦਾ ਹਾਂ (ਗੁਰੂ ਦੀ ਸਰਨ ਹੀ ਪਿਆ ਹਾਂ)।1। ਰਹਾਉ।

ਹੇ ਸਭ ਤੋਂ ਸ੍ਰੇਸ਼ਟ! ਹੇ ਜਗਤ ਦੇ ਨਾਥ! ਹੇ ਜਗਤ ਈਸ਼੍ਵਰ! ਮੈਂ ਪਾਪੀ ਹਾਂ, ਪਰ ਤੇਰੀ ਸਰਨ ਆ ਪਿਆ ਹਾਂ, ਮੇਰੀ ਰੱਖਿਆ ਕਰ। ਤੂੰ ਵੱਡਾ ਪੁਰਖ ਹੈਂ, ਤੂੰ ਦੀਨਾਂ ਦੇ ਦੁੱਖ ਨਾਸ ਕਰਨ ਵਾਲਾ ਹੈਂ। ਹੇ ਹਰੀ! (ਜਿਸ ਉਤੇ ਤੂੰ ਮਿਹਰ ਕਰਦਾ ਹੈਂ, ਉਸ ਦੇ) ਮੂੰਹ ਵਿਚ ਤੂੰ ਆਪਣਾ ਨਾਮ ਦੇਂਦਾ ਹੈਂ।1।

ਹੇ ਭਾਈ! ਪਰਮਾਤਮਾ ਦੇ ਗੁਣ ਬਹੁਤ ਉੱਚੇ ਹਨ, ਅਸੀਂ ਜੀਵ ਨੀਵੇਂ ਹਾਂ। ਪਰ ਗੁਰੂ ਸਤਿਗੁਰ ਮਿੱਤਰ ਦੀ ਸੰਗਤਿ ਵਿਚ ਮੈਂ ਪ੍ਰਭੂ ਦੇ ਗੁਣ ਗਾਂਦਾ ਹਾਂ। ਜਿਵੇਂ (ਜੇ) ਚੰਦਨ ਦੇ ਨਾਲ ਨਿੰਮ (ਦਾ) ਰੁੱਖ ਉਗਿਆ ਹੋਇਆ ਹੋਵੇ, ਤਾਂ ਉਸ ਵਿਚ ਚੰਦਨ ਦੇ ਗੁਣ ਆ ਵੱਸਦੇ ਹਨ (ਤਿਵੇਂ ਮੇਰਾ ਹਾਲ ਹੋਇਆ ਹੈ)।2।

ਹੇ ਭਾਈ! ਅਸੀਂ ਜੀਵ ਮਾਇਆ ਦੇ ਵਿਸ਼ਿਆਂ ਦੇ ਵਿਕਾਰ ਅਨੇਕਾਂ ਵਾਰੀ ਘੜੀ ਮੁੜੀ ਕਰਦੇ ਰਹਿੰਦੇ ਹਾਂ। ਅਸੀਂ ਔਗੁਣਾਂ ਨਾਲ ਇਤਨੇ ਭਰ ਜਾਂਦੇ ਹਾਂ ਕਿ (ਮਾਨੋ) ਪੱਥਰ ਬਣ ਜਾਂਦੇ ਹਾਂ। ਪਰ ਪਰਮਾਤਮਾ ਆਪਣੇ ਸੰਤ ਜਨਾਂ ਦੀ ਸੰਗਤਿ ਵਿਚ (ਮਹਾਂ ਪਾਪੀਆਂ ਨੂੰ ਭੀ) ਤਾਰ ਲੈਂਦਾ ਹੈ।3।

ਹੇ ਹਰੀ! ਹੇ ਸੁਆਮੀ! ਜਿਨ੍ਹਾਂ ਦੀ ਤੂੰ ਰੱਖਿਆ ਕਰਦਾ ਹੈਂ, ਉਹਨਾਂ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ। ਹੇ ਦਇਆ ਦੇ ਸੋਮੇ ਪ੍ਰਭੂ! ਹੇ ਦਾਸ ਨਾਨਕ ਦੇ ਸੁਆਮੀ! ਤੂੰ ਹਰਣਾਖਸ਼ ਵਰਗੇ ਦੁਸ਼ਟਾਂ ਨੂੰ ਭੀ ਤਾਰ ਦੇਂਦਾ ਹੈਂ।4।3।